# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 14-01-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ 'ਮਿਸ਼ਨ ਮੌਸਮ' ਦੀ ਸ਼ੁਰੂਆਤ ਕੀਤੀ -ਕਿਹਾ ਇਹ ਮਿਸ਼ਨ, ਦੇਸ਼ ਨੂੰ ਮੌਸਮ ਦੀ ਹਰ ਸਥਿਤੀ ਨਾਲ ਨਜਿੱਠਣ ਦੇ ਸਮਰੱਥ ਬਣਾਉਣ ਲਈ, ਭਾਰਤ ਦੀ ਵਚਨਬੱਧਤਾ ਦਾ ਪ੍ਰਤੀਕ ਏ।
- 9ਵਾਂ ਸਾਬਕਾ ਸੈਨਿਕ ਦਿਵਸ ਅੱਜ ਪੰਜਾਬ ਸਮੇਤ ਦੇਸ਼ ਭਰ ਵਿੱਚ ਕਈ ਥਾਵਾਂ 'ਤੇ ਮਨਾਇਆ ਗਿਆ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿੱਚ ਅਤਿ-ਆਧੁਨਿਕ ਸੁਰਜੀਤ ਪਾਤਰ ਸੈਂਟਰ ਫਾਰ ਐਥੀਕਲ ਆਰਟੀਫਿਸ਼ਲ ਇੰਟੈਲੀਜੈਂਸ ਸਥਾਪਤ ਕਰਨ ਦਾ ਕੀਤਾ ਐਲਾਨ।

- ਸ਼੍ਰੀ ਮੁਕਤਸਰ ਸਹਿਬ ਵਿਖੇ, ਚਾਲੀ ਮੁਕਤਿਆਂ ਦੀ ਯਾਦ ਨੂੰ ਸਮਰਪਿਤ ਮਾਘੀ ਦਾ ਮੇਲਾ ਮਨਾਇਆ ਗਿਆ।
- ਪੰਜਾਬ ਸਰਕਾਰ ਵਲੋਂ ,ਸੂਬੇ 'ਚ 1400 ਹੋਰ ਨਵੇਂ ਆਂਗਣਵਾੜੀ ਸੈਂਟਰ ਖੋਲ੍ਹੇ ਜਾ ਰਹੇ ਨੇ।
- ਕੱਲ੍ਹ 15 ਜਨਵਰੀ ਨੂੰ ਹੋਣ ਵਾਲੀ, UGC-NET ਦਸੰਬਰ 2024 ਦੀ ਪ੍ਰੀਖਿਆ ਮੁਲਤਵੀ ਕੀਤੀ ਗਈ ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਦੇਸ਼ ਨੂੰ, ਹਰ ਤਰ੍ਹਾਂ ਦੇ ਮੌਸਮ ਦੀ ਸਥਿਤੀ ਨਾਲ ਨਜਿੱਠਣ ਦੇ ਸਮਰੱਥ ਅਤੇ ਇੱਕ ਜਲਵਾਯੂ ਸਮਾਰਟ ਰਾਸ਼ਟਰ ਬਣਾਉਣ ਲਈ, ਮਿਸ਼ਨ ਮੌਸਮ ਦੀ ਸ਼ੁਰੂਆਤ ਕੀਤੀ । ਇਹ ਪ੍ਰੋਗਰਾਮ , ਨਵੀਂ ਦਿੱਲੀ ਸਥਿਤ ਭਾਰਤ ਮੰਡਪਮ ਵਿਖੇ, ਭਾਰਤੀ ਮੌਸਮ ਵਿਭਾਗ ਦੇ 150ਵੇਂ ਸਥਾਪਨਾ ਦਿਵਸ 'ਤੇ ਆਯੋਜਿਤ ਕੀਤਾ ਗਿਆ ਸੀ। ਇਸ ਮੌਕੇ 'ਤੇ ਬੋਲਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਮਿਸ਼ਨ ਦੇਸ਼ ਨੂੰ ਮੌਸਮ ਦੀ ਹਰ ਸਥਿਤੀ ਨਾਲ ਨਜਿੱਠਣ ਦੇ ਸਮਰੱਥ

ਅਤੇ ਜਲਵਾਯੂ ਸਮਾਰਟ ਬਣਾਉਣ ਲਈ ਭਾਰਤ ਦੀ ਵਚਨਬੱਧਤਾ ਦਾ ਪ੍ਰਤੀਕ ਏ।

**BYTE**

ਪ੍ਰਧਾਨ ਮੰਤਰੀ ਨੇ ਵਿਭਾਗ ਦੀ 150 ਸਾਲਾਂ ਦੇ ਸਫ਼ਰ ਦੀ ਸ਼ਲਾਘਾ ਕੀਤੀ ਅਤੇ ਇਸਨੂੰ ਦੇਸ਼ ਵਿੱਚ ਆਧੁਨਿਕ ਵਿਗਿਆਨ ਅਤੇ ਤਕਨਾਲੋਜੀ ਦਾ ਇੱਕ ਸ਼ਾਨਦਾਰ ਅਧਿਆਏ ਦੱਸਿਆ।

**BYTE:**

ਪ੍ਰਧਾਨ ਮੰਤਰੀ ਨੇ ਕਿਹਾ ਕਿ 'ਸਾਰਿਆਂ ਲਈ ਅਗਾਊਂ ਚੇਤਾਵਨੀ' ਪਹਿਲ ਦੇਸ਼ ਦੀ 90 ਫੀਸਦੀ ਤੋਂ ਵੱਧ ਆਬਾਦੀ ਨੂੰ ਜਾਣਕਾਰੀ ਪ੍ਰਦਾਨ ਕਰਦੀ ਏ। ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ, ਕਿਸੇ ਵੀ ਸਮੇਂ ਅਗਲੇ 10 ਦਿਨਾਂ ਦੇ ਮੌਸਮ ਦੀ ਜਾਣਕਾਰੀ ਪ੍ਰਾਪਤ ਕਰ ਸਕਦਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਮੌਸਮ ਬਾਰੇ ਅਸਲ-ਸਮੇਂ ਦੀ ਜਾਣਕਾਰੀ, ਖੇਤੀਬਾੜੀ ਅਤੇ ਸਮੁੰਦਰੀ ਅਰਥਚਾਰਿਆਂ ਨੂੰ ਮਜ਼ਬੂਤ ਕਰਦੀ ਏ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਰਤ ਦੀ ਜਲਵਾਯੂ ਨਾਲ ਸਬੰਧਤ ਤਰੱਕੀ ਨੇ ਦੇਸ਼ ਦੀ ਆਫ਼ਤ ਪ੍ਰਬੰਧਨ ਸਮਰੱਥਾ ਨੂੰ ਮਜ਼ਬੂਤ ਕੀਤਾ ਹੈ।

ਕੇਂਦਰੀ ਭੂ-ਵਿਗਿਆਨ ਰਾਜ ਮੰਤਰੀ ਜਤਿੰਦਰ ਸਿੰਘ ਨੇ ਕਿਹਾ ਕਿ ਦੇਸ਼ ਦੀ ਮੌਸਮ ਪੂਰਵ ਅਨੁਮਾਨ ਸਮਰੱਥਾ ਵਿੱਚ ਮਹੱਤਵਪੂਰਨ ਪ੍ਰਗਤੀ ਹੋਈ ਏ। ਉਨ੍ਹਾਂ ਕਿਹਾ ਕਿ ਪਿਛਲੇ ਦਹਾਕੇ ਵਿੱਚ ਪੂਰਵ ਅਨੁਮਾਨ ਦੀ ਸ਼ੁੱਧਤਾ ਵਿੱਚ 50 ਫੀਸਦੀ ਸੁਧਾਰ ਹੋਇਆ ਏ।ਪ੍ਰਧਾਨ ਮੰਤਰੀ ਮੋਦੀ ਨੇ ਮੌਸਮ ਵਿਭਾਗ ਦੇ 150 ਸਾਲ ਪੂਰੇ ਹੋਣ 'ਤੇ ਯਾਦਗਾਰੀ ਸਿੱਕਾ ਵੀ ਜਾਰੀ ਕੀਤਾ। ਉਨ੍ਹਾਂ ਨੇ IMD ਵਿਜ਼ਨ-2047 ਦਸਤਾਵੇਜ਼ ਵੀ ਜਾਰੀ ਕੀਤਾ। ਇਸ ਵਿੱਚ ਮੌਸਮ ਦੀ ਭਵਿੱਖਬਾਣੀ, ਮੌਸਮ ਪ੍ਰਬੰਧਨ ਅਤੇ ਜਲਵਾਯੂ ਤਬਦੀਲੀ ਦੀ ਸਮੱਸਿਆ ਨਾਲ ਨਜਿੱਠਣ ਦੀਆਂ ਯੋਜਨਾਵਾਂ ਸ਼ਾਮਲ ਹਨ। ਮਿਸ਼ਨ ਮੌਸਮ ਦਾ ਉਦੇਸ਼, ਅਤਿ-ਆਧੁਨਿਕ ਮੌਸਮ ਨਿਗਰਾਨੀ ਤਕਨਾਲੋਜੀ ਅਤੇ ਪ੍ਰਣਾਲੀਆਂ ਨੂੰ ਵਿਕਸਤ ਕਰਨਾ ਏ। ਇਸ ਪਹਿਲਕਦਮੀ ਵਿੱਚ ਉੱਚ-ਰੈਜ਼ੋਲੂਸ਼ਨ ਵਾਯੂਮੰਡਲ ਨਿਰੀਖਣ ਸ਼ਾਮਲ ਨੇ। ਇਹ ਅਤਿ-ਆਧੁਨਿਕ ਰਾਡਾਰ ਅਤੇ ਸੈਟੇਲਾਈਟ ਅਤੇ ਉੱਚ-ਪ੍ਰਦਰਸ਼ਨ ਵਾਲੇ ਕੰਪਿਊਟਰਾਂ ਨਾਲ ਲੈਸ ਏ।

-------------------------------------------------------

9ਵਾਂ ਹਥਿਆਰਬੰਦ ਬਲ ਸਾਬਕਾ ਸੈਨਿਕ ਦਿਵਸ ਅੱਜ ਦੇਸ਼ ਭਰ ਵਿੱਚ

ਕਈ ਥਾਵਾਂ 'ਤੇ ਮਨਾਇਆ ਗਿਆ। ਸਾਬਕਾ ਸੈਨਿਕਾਂ ਨੂੰ, ਉਨ੍ਹਾਂ ਦੀ ਨਿਰਸਵਾਰਥ ਸੇਵਾ ਲਈ ਸ਼ਰਧਾਂਜਲੀ ਭੇਟ ਕਰਨ ਅਤੇ ਇਨ੍ਹਾਂ ਬਹਾਦਰਾਂ ਦੇ ਰਿਸ਼ਤੇਦਾਰਾਂ ਪ੍ਰਤੀ ਏਕਤਾ ਨੂੰ ਹੋਰ ਮਜ਼ਬੂਤ ਕਰਨ ਲਈ, ਜੰਮੂ ਸਮੇਤ ਕਈ ਥਾਵਾਂ 'ਤੇ ਰੈਲੀਆਂ ਅਤੇ ਪੁਸ਼ਪਮਾਲਾ ਸਮਾਗਮ ਕਰਵਾਏ ਗਏ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਜੰਮੂ ਵਿੱਚ ਟਾਂਡਾ ਆਰਟਿਲਰੀ ਬ੍ਰਿਗੇਡ, ਅਖਨੂਰ ਵਿੱਚ ਇੱਕ ਸਮਾਗਮ ਦੌਰਾਨ ਲਗਭਗ ਇਕ ਹਜ਼ਾਰ ਸਾਬਕਾ ਸੈਨਿਕਾਂ ਨੂੰ ਸੰਬੋਧਨ ਕਰਕੇ ਜਸ਼ਨਾਂ ਦੀ ਅਗਵਾਈ ਕੀਤੀ। ਉਨ੍ਹਾਂ ਨੇ ਸਾਬਕਾ ਸੈਨਿਕਾਂ ਨਾਲ ਗੱਲਬਾਤ ਕੀਤੀ ਅਤੇ ਸੇਵਾਮੁਕਤ ਅਤੇ ਸੇਵਾ ਕਰ ਰਹੇ ਹਥਿਆਰਬੰਦ ਬਲਾਂ ਦੇ ਜਵਾਨਾਂ ਦਾ, ਬੇਮਿਸਾਲ ਬਹਾਦਰੀ, ਸਮਰਪਣ, ਕੁਰਬਾਨੀ ਅਤੇ ਦੇਸ਼ ਭਗਤੀ ਨਾਲ ਸਰਹੱਦਾਂ ਦੀ ਰਾਖੀ ਲਈ ਨਿਰਸਵਾਰਥ ਸੇਵਾ ਲਈ ਧੰਨਵਾਦ ਕੀਤਾ। ਰਾਜਨਾਥ ਸਿੰਘ ਨੇ ਅਖਨੂਰ ਵਿਖੇ, ਇਨਾ ਜਸ਼ਨਾਂ ਨੂੰ ਇਸ ਤੱਥ ਦਾ ਪ੍ਰਮਾਣ ਦੱਸਿਆ ਕਿ ਜੰਮੂ ਅਤੇ ਕਸ਼ਮੀਰ ਭਾਰਤ ਦਾ ਅਨਿੱਖੜਵਾਂ ਅੰਗ ਰਿਹਾ ਏ ਅਤੇ ਰਹੇਗਾ। ਉਨ੍ਹਾਂ ਮਕਬੂਜ਼ਾ ਕਸ਼ਮੀਰ ਨੂੰ ਭਾਰਤ ਦਾ ਤਾਜ

ਗਹਿਣਾ ਦੱਸਿਆ, ਜੋ ਪਾਕਿਸਤਾਨ ਲਈ ਵਿਦੇਸ਼ੀ ਖੇਤਰ ਤੋਂ ਵੱਧ ਕੁਝ ਨਹੀਂ ਏ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਹਥਿਆਰਬੰਦ ਬਲ ਸਾਬਕਾ ਸੈਨਿਕ ਦਿਵਸ ਮੌਕੇ, ਸਾਬਕਾ ਸੈਨਿਕਾਂ ਦਾ ਧੰਨਵਾਦ ਕੀਤਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ, ਰਾਸ਼ਟਰ ਦੀ ਰੱਖਿਆ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਕਿਹਾ ਕਿ ਦੇਸ਼ ਦੀ ਰੱਖਿਆ ਵਿੱਚ, ਬਹਾਦਰ ਸੈਨਿਕਾਂ ਦਾ ਬੇਮਿਸਾਲ ਯੋਗਦਾਨ ਏ, ਜਿਨ੍ਹਾਂ ਨੇ ਦੇਸ਼ ਦੇ ਮਾਨਮੱਤੇ ਇਤਿਹਾਸ ਅਤੇ ਰਿਵਾਇਤ ਨੂੰ ਬਰਕਰਾਰ ਰੱਖਿਆ ਏ। ਉਹ ਅੱਜ ਨਾਗਪੁਰ ਵਿੱਚ ਭਾਰਤੀ ਹਵਾਈ ਸੈਨਾ ਦੇ ਰਖ-ਰਖਾਅ ਕਮਾਂਨ ਹੈੱਡ-ਕੁਆਰਟਰ ਵਿਖੇ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ।

---------------------------------------------------

14 ਜਨਵਰੀ ਨੂੰ ਪੂਰੇ ਭਾਰਤ ਵਿੱਚ ਸਾਬਕਾ ਸੈਨਿਕ ਦਿਵਸ ਵੈਟਰਨਜ਼

ਡੇ ਵਜੋਂ ਮਨਾਇਆ ਜਾਂਦਾ ਏ। ਭਾਰਤ ਅੱਜ ਆਪਣਾ 9ਵਾਂ ਵੈਟਰਨਜ਼ ਡੇ ਮਨਾ ਰਿਹਾ ਏ।ਇਹ ਸਾਡੇ ਉਨ੍ਹਾਂ ਬਹਾਦਰ ਸਾਬਕਾ ਸੈਨਿਕਾਂ ਨੂੰ ਯਾਦ ਕਰਨ ਲਈ ਮਨਾਇਆ ਜਾ ਰਿਹਾ ਏ ਜਿਨ੍ਹਾਂ ਨੇ ਭਾਰਤੀ ਹਥਿਆਰਬੰਦ ਸੈਨਾਵਾਂ ਵਿੱਚ ਰਹਿੰਦਿਆਂ ਰਾਸ਼ਟਰ ਦੀ ਸੇਵਾ ਕੀਤੀ । ਇਹਨਾਂ ਦਲੇਰ ਸੈਨਿਕਾਂ ਨੇ ਭਾਰਤ ਦੀਆਂ ਸਰਹੱਦਾਂ, ਉਸਦੀ ਆਜ਼ਾਦੀ ਦੀ ਰਾਖੀ ਲਈ ਮਹੱਤਵਪੂਰਨ ਭੂਮਿਕਾ ਨਿਭਾਈ ਏ।

**ਇਕ ਰਿਪੋਰਟ** :

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿੱਚ ਅਤਿ-ਆਧੁਨਿਕ ਸੁਰਜੀਤ ਪਾਤਰ ਸੈਂਟਰ ਫਾਰ ਐਥੀਕਲ ਆਰਟੀਫਿਸ਼ਲ ਇੰਟੈਲੀਜੈਂਸ ਸਥਾਪਤ ਕਰਨ ਦਾ ਐਲਾਨ ਕੀਤਾ ਏ। ਅੰਮ੍ਰਿਤਸਰ ਉੱਘੇ ਕਵੀ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਕਰਵਾਏ ਸਮਾਰੋਹ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਕੇਂਦਰ, ਅਤਿ-ਆਧੁਨਿਕ ਤਕਨਾਲੋਜੀ ਨਾਲ ਲੈਸ ਹੋਵੇਗਾ । ਉਨ੍ਹਾਂ ਇਸ ਅਹਿਮ ਕਾਰਜ ਲਈ, ਯੂਨੀਵਰਸਿਟੀ ਨੂੰ ਪੂਰੀ ਸਹਾਇਤਾ

ਅਤੇ ਸਹਿਯੋਗ ਦਾ ਭਰੋਸਾ ਦਿੱਤਾ। ਮੁਖ ਮੰਤਰੀ ਨੇ ਮਹਾਨ ਲੇਖਕ ਦੀ ਯਾਦ ਵਿੱਚ ਪੁਰਸਕਾਰ ਸ਼ੁਰੂ ਕਰਨ ਦਾ ਵੀ ਐਲਾਨ ਕੀਤਾ, ਜਿਸ ਨਾਲ ਉੱਭਰਦੇ ਲੇਖਕ ਉਤਸ਼ਾਹਿਤ ਹੋਣਗੇ। ਭਗਵੰਤ ਸਿੰਘ ਮਾਨ ਨੇ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਡਾ. ਸੁਰਜੀਤ ਪਾਤਰ ਦੇ ਵਡਮੁੱਲੇ ਯੋਗਦਾਨ ਨੂੰ ਯਾਦ ਕੀਤਾ।

--------------------------------------------------

ਮਕਰ ਸੰਕ੍ਰਾਂਤੀ, ਪੋਂਗਲ, ਬੀਹੂ ਅਤੇ ਉਤਰਾਇਣ ਦੇ ਤਿਉਹਾਰ ਅੱਜ ਦੇਸ਼ ਭਰ ਵਿੱਚ ਬੜੇ ਉਤਸ਼ਾਹ ਨਾਲ ਮਨਾਏ ਜਾ ਰਹੇ ਨੇ। ਇਹ ਤਿਉਹਾਰ, ਵਾਢੀ ਦੇ ਮੌਸਮ ਅਤੇ ਸ਼ੁਕਰਗੁਜ਼ਾਰੀ ਅਤੇ ਏਕਤਾ ਦੀ ਭਾਵਨਾ ਦਾ ਪ੍ਰਤੀਕ ਨੇ। ਮਕਰ ਸੰਕ੍ਰਾਂਤੀ ਮੌਕੇ ਲੋਕਾਂ ਨੇ, ਗੰਗਾ ਅਤੇ ਯਮੁਨਾ ਵਰਗੀਆਂ ਪਵਿੱਤਰ ਨਦੀਆਂ 'ਚ ਇਸ਼ਨਾਨ ਕੀਤਾ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੇਸ਼ ਵਾਸੀਆਂ ਨੂੰ ਮਕਰ ਸੰਕ੍ਰਾਂਤੀ, ਪੋਂਗਲ, ਮਾਘ ਬਿਹੂ ਅਤੇ ਉੱਤਰਾਯਨ ਮੌਕੇ ਵਧਾਈ ਦਿੱਤੀ ਏ।

--------------------------------------------------

ਓਧਰ ਪ੍ਰਯਾਗਰਾਜ ਦੇ ਮਹਾਕੁੰਭ ਵਿੱਚ ਮਕਰ ਸੰਕ੍ਰਾਂਤੀ ਦੇ ਅੰਮ੍ਰਿਤ

ਸਨਾਨ ਦੌਰਾਨ ਅੱਜ ਦੁਪਹਿਰ 12 ਵਜੇ ਤੱਕ ਇਕ ਕਰੋੜ 60 ਲੱਖ ਤੋਂ ਵੱਧ ਲੋਕਾਂ ਨੇ, ਤ੍ਰਿਵੇਣੀ ਸੰਗਮ ਵਿੱਚ ਪਵਿੱਤਰ ਇਸ਼ਨਾਨ ਕੀਤਾ । ਪਵਿੱਤਰ ਇਸ਼ਨਾਨ ਤੋਂ ਬਾਅਦ ਸ਼ਰਧਾਲੂਆਂ ਨੇ ਘਾਟਾਂ 'ਤੇ ਪੂਜਾ ਕੀਤੀ। ਸਵੇਰ ਦੀ ਗੰਗਾ ਆਰਤੀ ਵਿੱਚ ਵੀ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ ।

---------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਬਠਿੰਡਾ ਵਿਖੇ ਔਰਤਾਂ ਦੇ ਸਿਹਤ ਜਾਂਚ ਅਤੇ ਜਾਗਰੂਕਤਾ ਕੈਂਪ ਦੌਰਾਨ ਸ਼ਿਰਕਤ ਕੀਤੀ । ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਔਰਤਾਂ ਹਰ ਖੇਤਰ ਵਿੱਚ ਵਿਸ਼ਾਲ ਮੱਲਾਂ ਮਾਰ ਰਹੀਆਂ ਨੇ । ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ, ਸੂਬੇ ਭਰ ਚ 1400 ਹੋਰ ਨਵੇਂ ਆਂਗਣਵਾੜੀ ਸੈਂਟਰ ਖੋਲ੍ਹੇ ਜਾ ਰਹੇ ਨੇ । ਕੈਬਨਿਟ ਮੰਤਰੀ ਨੇ ਪ੍ਰੋਗਰਾਮ ਦੌਰਾਨ ਵੱਖ-ਵੱਖ ਵਿਭਾਗਾਂ ਅਤੇ ਸਵੈ ਸਹਾਇਤਾ ਸਮੂਹਾਂਵਲੋਂ ਲਗਾਈਆਂ ਵੱਖ-ਵੱਖ ਪ੍ਰਦਰਸ਼ਨੀਆਂ ਦਾ ਦੌਰਾ ਤੇ ਨਿਰੀਖਣ ਵੀ ਕੀਤਾ । ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਸਮੇਤ ਹੋਰ ਅਧਿਕਾਰੀ ਵੀ ਵਿਸ਼ੇਸ਼ ਤੌਰ ਤੇ ਮੌਜੂਦ ਰਹੇ । ਇਸ ਮੌਕੇ

ਮੰਤਰੀ ਨੇ , 11 ਖਿਡਾਰਨਾਂ ਨੂੰ ਪ੍ਰਸੰਸਾ ਪੱਤਰ, ਸਿੱਖਿਆ ਦੇ ਖੇਤਰ ਵਿੱਚ 11 ਵਿਦਿਆਰਥਣਾਂ ਨੂੰ ਟਰੈਕ ਸੂਟ, ਸਮਾਜਿਕ ਨਿਆਂ ਅਤੇ ਅਧਿਕਾਰਤਾ ਵਿਭਾਗ, ਸਿਹਤ ਵਿਭਾਗ ਦੇ ਕਰਮਚਾਰੀਆਂ ਨੂੰ ਸਨਮਾਨਿਤ ਵੀ ਕੀਤਾ।

----------------------------------------------------

ਕੱਲ੍ਹ 15 ਜਨਵਰੀ ਨੂੰ ਹੋਣ ਵਾਲੀ UGC-NET ਦਸੰਬਰ 2024 ਦੀ ਪ੍ਰੀਖਿਆ ਮੁਲਤਵੀ ਕਰ ਦਿੱਤੀ ਗਈ ਏ ।ਨਵੀਂ ਤਰੀਕ ਦਾ ਐਲਾਨ ਬਾਅਦ ਵਿੱਚ ਕੀਤਾ ਜਾਵੇਗਾ । ਕੌਮੀ ਪ੍ਰੀਖਿਆ ਏਜੰਸੀ ਨੇ ਇੱਕ ਬਿਆਨ ਵਿੱਚ ਕਿਹਾ ਕਿ 15 ਜਨਵਰੀ ਨੂੰ ਪੋਂਗਲ, ਮਕਰ ਸੰਕ੍ਰਾਂਤੀ ਅਤੇ ਆਉਣ ਵਾਲੇ ਹੋਰ ਤਿਉਹਾਰਾਂ ਕਾਰਨ UGC-NET ਪ੍ਰੀਖਿਆ ਨੂੰ ਮੁਲਤਵੀ ਕਰਨ ਲਈ ਅਰਜ਼ੀਆਂ ਪ੍ਰਾਪਤ ਹੋਈਆਂ ਨੇ । ਏਜੰਸੀ ਨੇ ਕਿਹਾ ਕਿ 16 ਜਨਵਰੀ ਨੂੰ ਹੋਣ ਵਾਲੀ ਪ੍ਰੀਖਿਆ, ਪਹਿਲਾਂ ਤੋਂ ਨਿਰਧਾਰਿਤ ਸਮਾਂ-ਸਾਰਣੀ ਅਨੁਸਾਰ ਕਰਵਾਈ ਜਾਵੇਗੀ।

----------------------------------------------------

ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਦੇ ਕਈ ਖੇਤਰਾਂ

ਵਿੱਚ ਰਾਤ ਅਤੇ ਸਵੇਰ ਵੇਲੇ ਬਹੁਤ ਸੰਘਣੀ ਧੁੰਦ ਪੈਣ ਦੀ ਭਵਿਖਵਾਨੀ ਕੀਤੀ ਏ ।